**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 15-04-2024**

- ਕੇਂਦਰੀ ਗ੍ਰਹਿ ਮੰਤਰਾਲੇ ਨੇ ਅਸਲ ਕੰਟਰੋਲ ਰੇਖਾ 'ਤੇ ਚੀਨੀ ਉਲੰਘਣਾ ਬਾਰੇ ਆਈ ਟੀ ਬੀ ਪੀ ਦੀ ਰਿਪੋਰਟ ਨਾਲ ਸਬੰਧਤ ਸੋਸ਼ਲ ਮੀਡੀਆ ਪੋਸਟ ਨੂੰ ਗੁੰਮਰਾਹਕੁੰਨ ਅਤੇ ਖਤਰਨਾਕ ਦੱਸਿਆ ਏ।
- ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵਲੋਂ ਪਾਰਟੀ ਦਾ ਸੰਕਲਪ ਪੱਤਰ 'ਮੋਦੀ ਦੀ ਗਰੰਟੀ 2024' ਜਾਰੀ।
- ਸ੍ਰੀ ਅਮਰਨਾਥ ਯਾਤਰਾ ਲਈ ਰਜਿਸਟ੍ਰੇਸ਼ਨ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਏ - ਅਧਿਕਾਰਤ ਵੈੱਬਸਾਈਟ 'ਤੇ ਸ਼ਰਧਾਲੂ ਆਪਣਾ ਵੇਰਵਾ ਆਨਲਾਈਨ ਭਰ ਸਕਦੇ ਨੇ।

- ਪੰਜਾਬੀ ਯੂਨੀਵਰਸਿਟੀ ਨੇ ਮਈ ਸੈਸ਼ਨ ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਏ - ਥਿਊਰੀ ਪ੍ਰੀਖਿਆਵਾਂ 4 ਮਈ ਤੋਂ ਸ਼ੁਰੂ ਹੋਣਗੀਆਂ।

----------------------------------------------------

ਕੇਂਦਰੀ ਗ੍ਰਹਿ ਮੰਤਰਾਲੇ ਨੇ ਅਸਲ ਕੰਟਰੋਲ ਰੇਖਾ 'ਤੇ ਚੀਨੀ ਉਲੰਘਣਾ ਬਾਰੇ ਭਾਰਤ-ਤਿੱਬਤ ਬਾਰਡਰ ਪੁਲਿਸ ਆਈ ਟੀ ਬੀ ਪੀ ਦੀ ਰਿਪੋਰਟ ਨਾਲ ਸਬੰਧਤ ਸੋਸ਼ਲ ਮੀਡੀਆ ਪੋਸਟ ਨੂੰ ਗੁੰਮਰਾਹਕੁੰਨ ਅਤੇ ਖਤਰਨਾਕ ਕਰਾਰ ਦਿੱਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਮੰਤਰਾਲੇ ਨੇ ਕਿਹਾ ਕਿ ਸੋਸ਼ਲ ਮੀਡੀਆ ਪੋਸਟ ਰਾਸ਼ਟਰੀ ਸੁਰੱਖਿਆ ਦੇ ਸੰਵੇਦਨਸ਼ੀਲ ਮੁੱਦੇ 'ਤੇ ਗੁੰਮਰਾਹਕੁੰਨ, ਖਤਰਨਾਕ ਅਤੇ ਗਲਤ ਏ । ਮੰਤਰਾਲੇ ਨੇ ਇਹ ਵੀ ਸਪੱਸ਼ਟ ਕੀਤਾ ਏ ਕਿ ਆਈ ਟੀ ਬੀ ਪੀ ਨੇ ਅਜਿਹੀ ਕੋਈ ਅੰਦਰੂਨੀ ਰਿਪੋਰਟ ਮੰਤਰਾਲੇ ਨੂੰ ਨਹੀਂ ਸੌਂਪੀ ਏ।

----------------------------------------------------

ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵਲੋਂ ਅੱਜ ਚੰਡੀਗੜ੍ਹ ਵਿਚ ਪਾਰਟੀ ਦਾ ਸੰਕਲਪ ਪੱਤਰ ‘ਮੋਦੀ ਦੀ ਗਰੰਟੀ 2024’ ਜਾਰੀ ਕੀਤਾ

ਗਿਆ। ਇਸ ਮੌਕੇ ਮੀਡੀਆ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਭਾਜਪਾ ਦੇ ਸੰਕਲਪ ਪੱਤਰ ਨੂੰ ਕਿਸਾਨਾਂ, ਗਰੀਬ ਲੋਕਾਂ, ਮੱਧ ਵਰਗ, ਮਹਿਲਾਵਾਂ ਸਮੇਤ ਹਰ ਖੇਤਰ ਅਤੇ ਵਰਗ ਦਾ ਖਿਆਲ ਰੱਖ ਕੇ ਬਣਾਇਆ ਗਿਆ ਏ। ਸੁਨੀਲ ਜਾਖੜ ਨੇ ਕਿਹਾ ਕਿ ਇਸ ਵਿਚ ਕੋਈ ਰਿਓੜੀਆਂ ਨਹੀਂ ਵੰਡੀਆਂ ਗਈਆਂ ਨੇ ਅਤੇ ਇਹ ਸੰਕਲਪ ਪੱਤਰ ਨਹੀਂ ਸਗੋਂ ਨਿਜੀ ਗਰੰਟੀ ਏ। ਉਨ੍ਹਾਂ ਕਿਹਾ ਕਿ ਇਸ ਵਿਚ ਲੋਕਾਂ ਨੂੰ ਸਮਰਥ ਬਣਾਉਣ ਦੀ ਗਰੰਟੀ ਏ ਅਤੇ ਪ੍ਰਧਾਨ ਮੰਤਰੀ ਮੋਦੀ ਜੋ ਕਹਿੰਦੇ ਨੇ ਉਹ ਹਮੇਸ਼ਾ ਪੂਰਾ ਕਰਕੇ ਦਿਖਾਉਂਦੇ ਨੇ।

-----------------------------------------------------

ਆਗਾਮੀ ਲੋਕ ਸਭਾ ਚੋਣਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਕਰਵਾਉਣਾ ਯਕੀਨੀ ਬਣਾਉਣ ਲਈ, ਪੰਜਾਬ ਪੁਲਿਸ ਨੇ ਕੱਲ੍ਹ ਸਰਹੱਦੀ ਸੂਬੇ ਪੰਜਾਬ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਚੈਕਿੰਗ ਕਰਨ ਲਈ ਇੱਕ ਵਿਸ਼ੇਸ਼ ਆਪ੍ਰੇਸ਼ਨ 'ਓ ਪੀ ਐਸ ਸੀਲ ਚਲਾਇਆ, ਤਾਂ ਜੋ ਨਸ਼ਾ ਅਤੇ ਗੈਰ-ਕਾਨੂੰਨੀ ਸ਼ਰਾਬ ਤਸਕਰਾਂ ਦੀ ਆਵਾਜਾਈ 'ਤੇ ਨਜ਼ਰ ਰੱਖੀ ਜਾ ਸਕੇ। ਪੰਜਾਬ ਦੇ ਡੀ ਜੀ ਪੀ ਗੌਰਵ

ਯਾਦਵ ਦੇ ਨਿਰਦੇਸ਼ਾਂ 'ਤੇ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਇਕੋ ਸਮੇਂ ਤੇ ਇਹ ਆਪ੍ਰੇਸ਼ਨ ਚਲਾਇਆ ਗਿਆ। ਵਿਸ਼ੇਸ਼ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਸਾਰੇ 10 ਸਰਹੱਦੀ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਕਪਤਾਨਾਂ ਐਸ ਐਸ ਪੀਜ਼ ਨੂੰ ਗਜ਼ਟਿਡ ਅਫ਼ਸਰਾਂ/ਐਸਐਚਓਜ਼ ਦੀ ਨਿਗਰਾਨੀ ਹੇਠ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਮਜ਼ਬੂਤ 'ਨਾਕੇ' ਲਗਾਉਣ ਲਈ ਵੱਧ ਤੋਂ ਵੱਧ ਸਟਾਫ਼ ਤਾਇਨਾਤ ਕਰਨ ਅਤੇ ਸਾਰੇ ਐਂਟਰੀ/ਐਗਜਿਟ ਪੁਆਇੰਟਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੀਲ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਕਿਹਾ ਕਿ ਚਾਰ ਸਰਹੱਦੀ ਸੂਬਿਆਂ ਅਤੇ ਯੂ ਟੀ ਚੰਡੀਗੜ੍ਹ ਨਾਲ ਲੱਗਦੇ 10 ਜ਼ਿਲ੍ਹਿਆਂ ਦੇ ਸਾਰੇ 220 ਐਂਟਰੀ/ਐਗਜ਼ਿਟ ਪੁਆਇੰਟਾਂ 'ਤੇ ਇੰਸਪੈਕਟਰਾਂ/ਡੀ.ਐਸ.ਪੀਜ਼ ਦੀ ਨਿਗਰਾਨੀ ਹੇਠ 1500 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੇ ਵਧੀਆ ਤਾਲਮੇਲ ਨਾਲ ਨਾਕੇ ਲਗਾਏ ਗਏ। ਦਸ ਅੰਤਰਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੋਪੜ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਨੇ।ਅਪਰੇਸ਼ਨ ਦੌਰਾਨ

ਸੂਬੇ ਵਿੱਚ ਆਉਣ-ਜਾਣ ਵਾਲੇ 5137 ਵਾਹਨਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਵਿੱਚੋਂ 200 ਦੇ ਚਲਾਨ ਕੀਤੇ ਗਏ ਅਤੇ 22 ਵਾਹਨਾਂ ਨੂੰ ਜ਼ਬਤ ਕੀਤਾ ਗਿਆ। ਪੁਲਿਸ ਟੀਮਾਂ ਨੇ 'ਵਾਹਨ' ਮੋਬਾਈਲ ਐਪ ਦੀ ਵਰਤੋਂ ਕਰਕੇ ਸਾਰੇ ਵਾਹਨਾਂ ਦੇ ਰਜਿਸਟ੍ਰੇਸ਼ਨ ਨੰਬਰਾਂ ਦੀ ਪੁਸ਼ਟੀ ਵੀ ਕੀਤੀ।

---------------------------------------------------------------

ਮੋਗਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਕੁਲਵੰਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਧਰਮਕੋਟ ਜਸਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਧਰਮਕੋਟ ਦੀ ਸਵੀਪ ਟੀਮ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧਰਮਕੋਟ ਦੀ ਸਵੀਪ ਦੇ ਸਹਿਯੋਗ ਨਾਲ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ। ਉਨਾਂ ਦੱਸਿਆ ਕਿ ਇਸ ਰੈਲੀ ਜਰੀਏ ਪਹਿਲੀ ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਲਈ ਵੋਟਰਾਂ ਨੂੰ ਨਿਰਪੱਖ ਹੋ ਕੇ ਬਿਨਾਂ ਕਿਸੇ ਭੇਦਭਾਵ ਜਾਂ ਲਾਲਚ ਦੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੂੰ ਵੋਟਾਂ ਦੇ ਅਧਿਕਾਰ ਦੀ ਵਰਤੋਂ ਕਰਨ ਸਬੰਧੀ ਸਵੀਪ ਟੀਮ ਅਤੇ ਵੋਟਰ ਬਰਾਂਡ

ਅੰਬੈਸਡਰ ਵੱਲੋਂ ਜਾਗਰੂਕ ਕੀਤਾ ਗਿਆ । ਇਸ ਦੌਰਾਨ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਮੋਗਾ ਸਾਰੰਗਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਵੀਆਂ ਵੋਟਾ ਬਣਾਉਣ, ਵੋਟਾਂ ਦੀ ਮਹਤੱਤਾ ਬਾਰੇ ਜਾਗਰੂਕ ਕਰਨ ਲਈ ਸਵੀਪ ਟੀਮ ਨੇ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਘੱਲ ਕਲਾਂ ਵਿਖੇ ਸਵੀਪ ਗਤੀਵਿਧੀਆਂ ਆਯੋਜਿਤ ਕੀਤੀਆਂ । ਸੈਕਟਰ ਅਫ਼ਸਰ ਰੋਹਿਤ ਸਿੰਗਲਾ ਦੀ ਦੇਖ ਰੇਖ ਅਧੀਨ ਬੀ.ਐਲ.ਓਜ਼ ਨੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਨਵੀਆਂ ਬਣ ਰਹੀਆਂ ਵੋਟਾਂ ਬਾਰੇ ਜਾਗਰੂਕ ਕੀਤਾ । ਉਨ੍ਹਾਂ ਵੋਟਾਂ ਵਾਲੇ ਦਿਨ ਵੋਟਰਾਂ ਨੂੰ ਚੋਣ ਕਮਿਸ਼ਨ ਵਲੋ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਕੇ ਪੀਣ ਵਾਲਾ ਪਾਣੀ, ਵੀਲਚੇਅਰ, ਗਰਮੀ ਤੋਂ ਬਚਣ ਲਈ ਕਵਰ ਸ਼ੈਡ, ਮੈਡੀਕਲ ਸਹੂਲਤ, ਬਜ਼ੁਰਗ ਵੋਟਰਾ ਲਈ ਆਉਣ ਜਾਣ ਦਾ ਸਾਧਨ ਦੀ ਸਹੂਲਤ ਆਦਿ ਬਾਰੇ ਜਾਣਕਾਰੀ ਦਿੱਤੀ ।

---------------------------------------------------------

ਜੰਮੂ ਤੇ ਕਸ਼ਮੀਰ ਵਿੱਚ ਦੱਖਣੀ ਕਸ਼ਮੀਰ ਦੇ ਹਿਮਾਲਿਆ ਵਿੱਚ ਸ੍ਰੀ ਅਮਰਨਾਥ ਜੀ ਦੇ 3880 ਮੀਟਰ ਉੱਚੇ ਪਵਿੱਤਰ ਗੁਫਾ ਦੀ ਸਾਲਾਨਾ

ਯਾਤਰਾ 29 ਜੂਨ ਤੋਂ ਸ਼ੁਰੂ ਹੋਵੇਗੀ ਅਤੇ 19 ਅਗਸਤ ਨੂੰ ਸਮਾਪਤ ਹੋਵੇਗੀ। ਸ੍ਰੀ ਅਮਰਨਾਥ ਸ਼ਰਾਈਨ ਬੋਰਡ ਨੇ ਇਹ ਜਾਣਕਾਰੀ ਦਿੱਤੀ ਏ। ਇਸ 52 ਦਿਨਾਂ ਦੀ ਯਾਤਰਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਅੱਜ ਤੋਂ ਸ਼ੁਰੂ ਹੋ ਗਈ ਏ।

**ਹੋਰ ਵੇਰਵੇ ਨਾਲ ਇਹ ਰਿਪੋਰਟ:** ***ਸ੍ਰੀ ਅਮਰਨਾਥ ਯਾਤਰਾ ਲਈ ਸ਼ਰਧਾਲੂ ਰਜਿਸਟ੍ਰੇਸ਼ਨ ਫਾਰਮ ਤੇ ਸੰਬੰਧਤ ਮੈਡੀਕਲ ਫਾਰਮ ਸ੍ਰੀ ਅਮਰਨਾਥ ਯਾਤਰਾ ਦੀ ਅਧਿਕਾਰਤ ਵੈੱਬਸਾਈਟ 'ਤੇ ਆਨਲਾਈਨ ਭਰ ਸਕਦੇ ਨੇ। ਇਸ 52 ਦਿਨਾਂ ਦੀ ਯਾਤਰਾ ਲਈ ਰਜਿਸਟ੍ਰੇਸ਼ਨ ਭਰਨ ਦੀ ਪ੍ਰਕਿਰਿਆ ਅੱਜ ਤੋਂ ਸ਼ੁਰੂ ਹੋ ਗਈ ਏ। ਸ੍ਰੀ ਅਮਰਨਾਥ ਜੀ ਦੀ ਇਹ ਸਾਲਾਨਾ ਯਾਤਰਾ ਦੋ ਰੂਟਾਂ ਤੋਂ ਕੀਤੀ ਜਾਂਦੀ ਏ। ਅਨੰਤਨਾਗ ਜ਼ਿਲ੍ਹੇ ਵਿੱਚ 48 ਕਿਲੋਮੀਟਰ ਨਨਵਾਨ - ਪਹਿਲਗਾਮ ਰੂਟ ਅਤੇ ਗਾਂਦਰਬਲ ਜ਼ਿਲ੍ਹੇ ਵਿੱਚ ਬਾਲਟਾਲ ਰੂਟ ਇਸ ਵਿਚ ਸ਼ਾਮਲ ਨੇ। ਬਾਲਟਾਲ ਕੋਈ 14 ਕਿਲੋਮੀਟਰ ਛੋਟਾ ਰੂਟ ਤਾਂ ਏ ਪਰ ਕਾਫੀ ਉੱਚੇ ਤੇ ਕਠਿਨ ਪਹਾੜੀ ਇਲਾਕਿਆਂ ਵਿਚੋਂ ਲੰਘਦਾ ਏ। ਗਲੇਸ਼ੀਅਰਾਂ ਤੇ ਬਰਫੀਲੇ ਪਹਾੜਾਂ ਨਾਲ ਘਿਰੀ ਜ਼ਿਲ੍ਹਾ ਅਨੰਤਨਾਗ ਦੀ ਲਿਦਰ ਘਾਟੀ***

*ਵਿੱਚ ਸਥਿਤ ਪਵਿੱਤਰ ਸ਼੍ਰੀ ਅਮਰਨਾਥ ਗੁਫਾ ਲਈ ਇਹ ਇੱਕ ਸਲਾਨਾ ਤੀਰਥ ਯਾਤਰਾ ਏ। ਸ਼੍ਰੀ ਅਮਰਨਾਥ ਯਾਤਰਾ ਸ਼ਰਧਾਲੂਆਂ ਲਈ ਸਭ ਤੋਂ ਕਠਿਨ ਅਤੇ ਚੁਣੌਤੀਪੂਰਨ ਯਾਤਰਾਵਾਂ ਵਿੱਚੋਂ ਇੱਕ ਏ। ਇਸ ਤੀਰਥ ਨੂੰ ਭਗਵਾਨ ਸ਼ਿਵ ਦਾ ਨਿਵਾਸ ਮੰਨਿਆ ਜਾਂਦਾ ਏ। ਦੇਸ਼ ਵਿਦੇਸ਼ ਤੋਂ ਹਰ ਸਾਲ ਲੱਖਾਂ ਸ਼ਰਧਾਲੂ ਸੌਣ ਦੇ ਮਹੀਨੇ ਵਿਚ ਸ਼੍ਰੀ ਅਮਰਨਾਥ ਜੀ ਦੀ ਗੁਫਾ ਦੇ ਦਰਸ਼ਨ ਕਰਨ ਲਈ ਆਉਂਦੇ ਨੇ। ਸ਼ਿਸ਼ੂ ਸ਼ਰਮਾ ਸ਼ਾਂਤਲ ਆਕਾਸ਼ਵਾਣੀ ਸਮਾਚਾਰ।*

---------------------------------------------------

ਸ਼੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਜਨਰਲ ਸਕੱਤਰ ਚੰਪਤ ਰਾਏ ਨੇ ਅਯੋਧਿਆ ਵਿਖੇ ਰਾਮ ਨੌਮੀ ਤਿਉਹਾਰ ਨੂੰ ਲੈ ਕੇ ਕੁਝ ਨਵੇਂ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸ਼੍ਰੀ ਰਾਮ ਜਨਮ ਭੂਮੀ ਮੰਦਿਰ ਵਿੱਚ ਮੰਗਲਾ ਆਰਤੀ ਤੋਂ ਬਾਅਦ ਬ੍ਰਹਮਾ ਮੁਹੂਰਤ ਵਿੱਚ ਸਵੇਰੇ 3:30 ਵਜੇ ਤੋਂ ਅਭਿਸ਼ੇਕ ਸ਼ਿੰਗਾਰ ਅਤੇ ਦਰਸ਼ਨ ਨਾਲੋ-ਨਾਲ ਜਾਰੀ ਰਹਿਣਗੇ। ਸਵੇਰੇ 5 ਵਜੇ ਸ਼ਿੰਗਾਰ ਆਰਤੀ ਹੋਵੇਗੀ। ਸ਼੍ਰੀ ਰਾਮਲੱਲ੍ਹਾ ਦੇ ਦਰਸ਼ਨ ਅਤੇ ਹਰ ਤਰ੍ਹਾਂ ਦੀ ਪੂਜਾ ਰਸਮਾਂ ਪਹਿਲਾਂ ਵਾਂਗ

ਨਾਲ-ਨਾਲ ਜਾਰੀ ਰਹਿਣਗੀਆਂ। ਉਨ੍ਹਾਂ ਦੱਸਿਆ ਕਿ ਦਰਸ਼ਨਾਂ ਦਾ ਸਮਾਂ ਵਧਾ ਕੇ 19 ਘੰਟੇ ਕਰ ਦਿੱਤਾ ਗਿਆ ਏ ਜਿਹੜਾ ਕਿ ਮੰਗਲਾ ਆਰਤੀ ਤੋਂ ਰਾਤ 11 ਵਜੇ ਤੱਕ ਜਾਰੀ ਰਹੇਗਾ। ਭਗਵਾਨ ਨੂੰ ਚਾਰ ਵਾਰ ਭੋਗ ਲਗਾਉਣ ਲਈ ਪਰਦਾ ਸਿਰਫ਼ ਪੰਜ-ਪੰਜ ਮਿੰਟ ਲਈ ਬੰਦ ਰਹੇਗਾ। ਇਸ ਦੌਰਾਨ ਰਾਮ ਨੌਮੀ 'ਤੇ ਚਾਰ ਮਿੰਟ ਤੱਕ ਸੂਰਜ ਦੀਆਂ ਕਿਰਨਾਂ ਰਾਮਲੱਲ੍ਹਾ ਦਾ ਤਿਲਕ ਕਰਨਗੀਆਂ। ਵਿਗਿਆਨੀਆਂ ਨੇ ਇਸ ਦੀ ਤਿਆਰੀ ਕਰ ਲਈ ਏ ਅਤੇ ਇਸ ਸੰਬੰਧੀ ਉਪਕਰਨ ਦਾ ਸਫਲ ਟ੍ਰਾਇਲ ਵੀ ਕੀਤਾ ਗਿਆ ਏ। 75 ਮਿਲੀਮੀਟਰ ਗੋਲਾਕਾਰ ਸੂਰਜ ਨਾਲ ਭਗਵਾਨ ਸ਼੍ਰੀ ਰਾਮ ਦਾ ਅਭਿਸ਼ੇਕ ਹੋਵੇਗਾ। ਦੁਪਹਿਰ 12 ਵਜੇ ਸੂਰਜ ਦੀਆਂ ਕਿਰਨਾਂ ਰਾਮਲੱਲ੍ਹਾ ਦੇ ਮੱਥੇ 'ਤੇ ਪੈਣਗੀਆਂ। ਕਿਰਨਾਂ ਲਗਾਤਾਰ ਚਾਰ ਮਿੰਟ ਤੱਕ ਰਾਮਲੱਲ੍ਹਾ ਦੇ ਚਿਹਰੇ ਨੂੰ ਰੌਸ਼ਨ ਕਰਨਗੀਆਂ। ਕੋਈ ਸੌ ਐੱਲ ਈ ਡੀ ਸਕ੍ਰੀਨਾਂ ਰਾਹੀਂ ਇਸ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ।

---------------------------------------------------------

ਪੰਜਾਬੀ ਯੂਨੀਵਰਸਿਟੀ ਦੇ ਮਈ 2024 ਸੈਸ਼ਨ ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਏ। ਪ੍ਰੀਖਿਆ ਸ਼ਾਖਾ ਦੇ ਕੰਟਰੋਲਰ

ਪ੍ਰੋ. ਵਿਸ਼ਾਲ ਗੋਇਲ ਨੇ ਦੱਸਿਆ ਕਿ ਅਕਾਦਮਿਕ ਕੈਲੰਡਰ ਅਨੁਸਾਰ 4 ਮਈ ਤੋਂ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ, ਸੰਬੰਧਿਤ ਕਾਲਜਾਂ ਅਤੇ ਪ੍ਰਾਈਵੇਟ ਵਿਦਿਆਰਥੀਆਂ ਦੀਆਂ ਥਿਊਰੀ ਪ੍ਰੀਖਿਆਵਾਂ ਸ਼ੁਰੂ ਕੀਤੀਆਂ ਜਾ ਰਹੀਆਂ ਨੇ। ਉਨ੍ਹਾਂ ਦੱਸਿਆ ਕਿ ਇਸ ਵਾਰ ਸ਼ਡਿਊਲ ਬਣਾਉਂਦੇ ਸਮੇਂ ਲੋਕ ਸਭਾ ਚੋਣਾਂ ਦੇ ਸ਼ਡਿਊਲ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਏ।,ਚੋਣਾਂ ਦੇ ਸ਼ਡਿਊਲ ਦੇ ਮੱਦੇਨਜ਼ਰ ਕੁੱਝ ਆਰਜ਼ੀ ਪ੍ਰੀਖਿਆ ਕੇਂਦਰ ਵੀ ਸਥਾਪਿਤ ਕੀਤੇ ਗਏ ਨੇ। ਉਨ੍ਹਾਂ ਦੱਸਿਆ ਕਿ ਪ੍ਰੈਕਟੀਕਲ ਪ੍ਰੀਖਿਆਵਾਂ 22 ਅਪ੍ਰੈਲ ਤੋਂ ਸ਼ੁਰੂ ਹੋ ਰਹੀਆਂ ਨੇ। ਕਾਲਜਾਂ ਵਿੱਚ ਪੜ੍ਹ ਰਹੇ ਵਿਦਿਆਰਥੀ ਆਪਣੇ ਐਡਮਿਟ ਕਾਰਡ ਸੰਬੰਧਤ ਕਾਲਜਾਂ ਤੋਂ ਹੀ ਪ੍ਰਾਪਤ ਕਰ ਸਕਦੇ ਨੇ ਅਤੇ ਛੇਤੀ ਹੀ ਕਾਲਜਾਂ ਨੂੰ ਈ-ਮੇਲ ਰਾਹੀਂ ਇਹ ਐਡਮਿਟ ਕਾਰਡ ਭੇਜ ਦਿੱਤੇ ਜਾਣਗੇ। ਇਸ ਤੋਂ ਇਲਾਵਾ ਡਿਸਟੈਂਸ ਤੇ ਪ੍ਰਾਈਵੇਟ ਮੋਡ ਰਾਹੀਂ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਆਪਣਾ ਐਡਮਿਟ ਕਾਰਡ ਪ੍ਰੀਖਿਆ ਸ਼ਾਖਾ ਦੀ ਵੈੱਬਸਾਈਟ ਤੋਂ ਡਾਊਨਲੋਡ ਕਰ ਸਕਦੇ ਨੇ।

------------------------------------------------------------

ਪੰਜਾਬ ਵਿਚ ਮੌਸਮ ਵਿਭਾਗ ਨੇ ਸੂਬੇ ਦੇ 19 ਜ਼ਿਲ੍ਹਿਆਂ ਲਈ ਅੱਜ ਯੈਲੋ

ਅਲਰਟ ਜਾਰੀ ਕੀਤਾ ਏ। ਇਸ ਦੌਰਾਨ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਹਵਾਵਾਂ ਵਗਣ ਦੇ ਨਾਲ-ਨਾਲ ਕੁਝ ਥਾਵਾਂ 'ਤੇ ਬਿਜਲੀ ਚਮਕਣ ਦੀ ਚੇਤਾਵਨੀ ਦਿੱਤੀ ਏ। ਮੀਂਹ ਦੀ ਕੋਈ ਚਿਤਾਵਨੀ ਨਹੀਂ ਏ ਪਰ ਇਸ ਦੌਰਾਨ ਬੱਦਲ ਛਾਏ ਰਹਿਣਗੇ। ਮਾਨਸਾ, ਬਠਿੰਡਾ, ਮੁਕਤਸਰ ਅਤੇ ਫਾਜ਼ਿਲਕਾ ਵਿੱਚ ਮੌਸਮ ਪੂਰੀ ਤਰ੍ਹਾਂ ਸਾਫ਼ ਰਹੇਗਾ। ਭਲਕੇ ਤੋਂ ਪੂਰੇ ਸੂਬੇ ਵਿੱਚ ਮੌਸਮ ਸਾਫ਼ ਹੋ ਜਾਵੇਗਾ ਅਤੇ ਇਸ ਤੋਂ ਬਾਅਦ 19 ਅਪ੍ਰੈਲ ਤੱਕ ਕੋਈ ਅਲਰਟ ਨਹੀਂ ਏ।

-----------------------------------------------------

ਰੂਪਨਗਰ ਲੁਧਿਆਣਾ ਨੀਲੋ ਸੜਕ ਤੇ ਬੀਤੀ ਰਾਤ 2 ਵਜੇ ਦੇ ਕਰੀਬ ਵਾਪਰੇ ਇਕ ਭਿਆਨਕ ਸੜਕ ਹਾਦਸੇ ਵਿਚ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਕੇ ਵਾਪਸ ਆ ਰਹੀ ਸੰਗਤ ਦੀ ਗੱਡੀ ਦੀ ਇਕ ਟੈਂਪੋ ਨਾਲ ਜਬਰਦਸਤ ਟੱਕਰ ਹੋ ਗਈ। ਇਸ ਨਾਲ ਦੋ ਵਿਅਕਤੀਆਂ ਦੀ ਮੌਕੇ ਤੇ ਮੌਤ ਹੋ ਗਈ, ਜਦਕਿ ਕਈ ਹੋਰ ਜਖਮੀ ਹੋ ਗਏ। ਜਖਮੀਆਂ ਨੂੰ ਰੂਪਨਗਰ ਦੇ ਸਿਵਲ ਹਸਪਤਾਲ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਡਰਾਈਵਰ ਸਮੇਤ

ਗੰਭੀਰ ਹਾਲਤ ਵਾਲੇ ਪੰਜ ਵਿਅਕਤੀਆਂ ਨੂੰ ਪੀ ਜੀ ਆਈ ਚੰਡੀਗੜ੍ਹ ਭੇਜਿਆ ਗਿਆ ਏ । ਸਮਝਿਆ ਜਾਂਦਾ ਏ ਕਿ ਇਹ ਹਾਦਸਾ ਓਵਰ ਸਪੀਡ ਨਾਲ ਹੋਇਆ ।

---

**<u>ਆਖਿਰ ਚ ਖਾਸ ਖਬਰਾਂ ਫਿਰ ਤੋਂ</u>**

- ਕੇਂਦਰੀ ਗ੍ਰਹਿ ਮੰਤਰਾਲੇ ਨੇ ਅਸਲ ਕੰਟਰੋਲ ਰੇਖਾ 'ਤੇ ਚੀਨੀ ਉਲੰਘਣਾ ਬਾਰੇ ਆਈ ਟੀ ਬੀ ਪੀ ਦੀ ਰਿਪੋਰਟ ਨਾਲ ਸਬੰਧਤ ਸੋਸ਼ਲ ਮੀਡੀਆ ਪੋਸਟ ਨੂੰ ਗੁੰਮਰਾਹਕੁੰਨ ਅਤੇ ਖਤਰਨਾਕ ਦੱਸਿਆ ਏ ।
- ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵਲੋਂ ਪਾਰਟੀ ਦਾ ਸੰਕਲਪ ਪੱਤਰ ‘ਮੋਦੀ ਦੀ ਗਰੰਟੀ 2024’ ਜਾਰੀ ।
- ਸ਼੍ਰੀ ਅਮਰਨਾਥ ਯਾਤਰਾ ਲਈ ਰਜਿਸਟ੍ਰੇਸ਼ਨ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਏ - ਅਧਿਕਾਰਤ ਵੈੱਬਸਾਈਟ 'ਤੇ ਸ਼ਰਧਾਲੂ ਆਪਣਾ ਵੇਰਵਾ ਆਨਲਾਈਨ ਭਰ ਸਕਦੇ ਨੇ ।

- ਪੰਜਾਬੀ ਯੂਨੀਵਰਸਿਟੀ ਨੇ ਮਈ ਸੈਸ਼ਨ ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਏ - ਥਿਊਰੀ ਪ੍ਰੀਖਿਆਵਾਂ 4 ਮਈ ਤੋਂ ਸ਼ੁਰੂ ਹੋਣਗੀਆਂ।